# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :04-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼ੁੱਕਰਵਾਰ ਨੂੰ ਨਾਗਰਿਕਾਂ ਨੂੰ ਵਿਸ਼ੇਸ਼ ਪਰਿਕ੍ਸ਼ਾ ਪੇ ਚਰਚਾ ਐਪੀਸੋਡ ਦੇਖਣ ਦਾ ਸੱਦਾ ਦਿੱਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ, ਭਾਰਤ ਦੇ ਨੌਜਵਾਨਾਂ ਨਾਲ ਗੱਲਬਾਤ ਕਰਨਾ ਤਾਜ਼ਗੀ ਭਰਿਆ ਏ । ਪ੍ਰਧਾਨ ਮੰਤਰੀ ਨੇ ਤਣਾਅ-ਮੁਕਤ ਪ੍ਰੀਖਿਆਵਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਚੁਣੌਤੀਆਂ ਨੂੰ ਦੂਰ ਕਰਨ, ਸੰਤੁਲਨ ਬਣਾਈ ਰੱਖਣ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ ਸੂਝ ਸਾਂਝੀ ਕੀਤੀ । ਸ਼੍ਰੀ ਮੋਦੀ ਨੇ ਦੱਸਿਆ ਕਿ ਇਸ ਸਾਲ ਦੇਵ-ਮੋਗਰਾ, ਕੋਇੰਬਟੂਰ, ਰਾਏਪੁਰ, ਗੁਹਾਟੀ ਅਤੇ ਦਿੱਲੀ ਦੇ 7, ਲੋਕ ਕਲਿਆਣ ਮਾਰਗ 'ਤੇ ਪ੍ਰੀਖਿਆ ਯੋਧਿਆਂ ਨਾਲ ਰਾਬਤੇ ਵਾਲੇ ਸੈਸ਼ਨ ਕਰਾਏ ਗਏ ਸਨ ।

-----------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਆਤਮ-ਰੱਖਿਆ ਨੂੰ ਇੱਕ ਜ਼ਰੂਰੀ

ਜੀਵਨ ਹੁਨਰ ਕਰਾਰ ਦਿੱਤਾ ਜੋ ਵਿਸ਼ਵਾਸ ਅਤੇ ਹਿੰਮਤ ਪੈਦਾ ਕਰਦਾ ਏ । ਰਾਜਪਾਲ ਕੱਲ ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਲਾਅ ਆਡੀਟੋਰੀਅਮ ਵਿਖੇ ਇੱਕ ਆਤਮ-ਰੱਖਿਆ ਸਿਖਲਾਈ ਵਰਕਸ਼ਾਪ ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਰਾਜਪਾਲ ਨੇ ਜ਼ੋਰ ਦੇ ਕੇ ਕਿਹਾ ਕਿ ਸਵੈ-ਰੱਖਿਆ ਸਿਰਫ਼ ਇੱਕ ਸਰੀਰਕ ਹੁਨਰ ਨਹੀਂ ਸਗੋਂ ਵਿਦਿਆਰਥੀਆਂ ਅਤੇ ਨੌਜਵਾਨ ਔਰਤਾਂ ਲਈ ਇੱਕ ਜ਼ਰੂਰੀ ਜੀਵਨ ਹੁਨਰ ਵੀ ਏ । ਉਨ੍ਹਾਂ ਨੇ ਨਿਯਮਤ ਸਰੀਰਕ ਤੰਦਰੁਸਤੀ ਅਤੇ ਕਸਰਤ ਰਾਹੀਂ ਨਿਰੰਤਰ ਅਭਿਆਸ ਦੀ ਮਹੱਤਤਾ ਨੂੰ ਹੋਰ ਉਜਾਗਰ ਕੀਤਾ, । ਪੰਜਾਬ ਦੇ ਰਾਜਪਾਲ ਨੇ ਵਾਈਸ ਚਾਂਸਲਰ ਪ੍ਰੋ. ਰੇਨੂ ਵਿਗ, ਇੰਸਪੈਕਟਰ ਜਨਰਲ, ਚੰਡੀਗੜ੍ਹ ਪੁਲਿਸ ਪੁਸ਼ਪੇਂਦਰ ਕੁਮਾਰ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਦੇ ਜੀਵਨ ਹੁਨਰ, ਨਿੱਜੀ ਸੁਰੱਖਿਆ ਅਤੇ ਅਨੁਸ਼ਾਸਨ ਨੂੰ ਅਕਾਦਮਿਕ ਨਾਲ ਜੋੜ ਕੇ ਸੰਪੂਰਨ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਵਾਈਸ ਚਾਂਸਲਰ ਨੇ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਲਈ ਵਚਨਬੱਧ । ਡਾ. ਹਰਵੰਸ਼ ਸਿੰਘ ਇੰਸਟੀਚਿਊਟ ਆਫ਼ ਡੈਂਟਲ ਸਾਇੰਸਜ਼ ਐਂਡ ਹਸਪਤਾਲ ਵਲੋਂ ਚੰਡੀਗੜ੍ਹ ਪੁਲਿਸ ਦੀ ਸਵੈਮ ਸਵੈ-ਰੱਖਿਆ ਸਿਖਲਾਈ ਟੀਮ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਇਸ ਵਰਕਸ਼ਾਪ ਵਿੱਚ 60 ਬੀ.ਡੀ.ਐਸ ਵਿਦਿਆਰਥੀ ਅਤੇ ਪੰਜ ਫੈਕਲਟੀ ਮੈਂਬਰ ਸ਼ਾਮਲ ਹੋਏ ।

ਇੰਸਪੈਕਟਰ ਜਨਰਲ ਪੁਸ਼ਪੇਂਦਰ ਕੁਮਾਰ ਅਤੇ ਸਵੈਮ ਟੀਮ ਦੇ ਮੈਂਬਰਾਂ ਨੂੰ ਵਿਵਹਾਰਕ ਸਿਖਲਾਈ ਦੇਣ ਲਈ ਸਨਮਾਨਿਤ ਕੀਤਾ ਗਿਆ ।

----------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਸਰਕਾਰ ਦੇ ਨਿਵੇਸ਼ ਲਿਆਉਣ ਦੇ ਉਪਰਾਲਿਆਂ ਵਜੋਂ ਦੋ-ਰੋਜ਼ਾ ਮੁੰਬਈ ਨਿਵੇਸ਼ ਰੋਡ ਸ਼ੋਅ ਦੀ ਸ਼ੁਰੂਆਤ ਕੀਤੀ। ਇਹ ਰੋਡ ਸ਼ੋਅ ਮੋਹਾਲੀ ਵਿੱਚ 13-15 ਮਾਰਚ ਤੱਕ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਦੀ ਪਹਿਲਕਦਮੀ ਵਜੋਂ ਆਯੋਜਿਤ ਕੀਤਾ ਗਿਆ ਸੀ। ਇਸਦਾ ਉਦੇਸ਼ ਪ੍ਰਮੁੱਖ ਉਦਯੋਗਪਤੀਆਂ ਨੂੰ ਰਸਮੀ ਤੌਰ 'ਤੇ ਸੰਮੇਲਨ ਦੇ ਸੱਦੇ ਦੇਣਾ ਅਤੇ ਕਾਰਪੋਰੇਟਾਂ, ਵਿੱਤੀ ਸੰਸਥਾਵਾਂ ਅਤੇ ਸੈਕਟਰ ਦੇ ਆਗੂਆਂ ਨਾਲ ਨਿਵੇਸ਼ ਸਬੰਧਾਂ ਨੂੰ ਮਜ਼ਬੂਤ ਕਰਨਾ ਸੀ । ਪੰਜਾਬ ਦੇ ਵਫ਼ਦ ਨੇ ਹਿੰਦੁਸਤਾਨ ਯੂਨੀਲੀਵਰ ਲਿਮਟਿਡ, ਮੋਤੀਲਾਲ ਓਸਵਾਲ ਗਰੁੱਪ, ਕਾਰਗਿਲ ਇੰਡੀਆ, ਹਿੰਦੂਜਾ ਗਰੁੱਪ, ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਸਮੇਤ ਪ੍ਰਮੁੱਖ ਕਾਰਪੋਰੇਟ ਸਮੂਹਾਂ ਦੀ ਸੀਨੀਅਰ ਲੀਡਰਸ਼ਿਪ ਨਾਲ ਉੱਚ-ਪੱਧਰੀ ਮੀਟਿੰਗ ਕੀਤੀ। ਚਰਚਾ ਦੌਰਾਨ ਪੰਜਾਬ ਵਿੱਚ ਫਾਸਟ-ਟਰੈਕ ਸਿੰਗਲ-ਵਿੰਡੋ ਕਲੀਅਰੈਂਸ ਪ੍ਰਣਾਲੀ, ਸਮਾਂ-ਬੱਧ ਪ੍ਰਵਾਨਗੀਆਂ, ਕਾਰੋਬਾਰ ਦਾ ਅਧਿਕਾਰਤ ਢਾਂਚਾ, ਨੀਤੀ ਸਥਿਰਤਾ, ਹੁਨਰਮੰਦ ਮਨੁੱਖੀ ਸ਼ਕਤੀ ਅਤੇ ਮਜ਼ਬੂਤ ਉਦਯੋਗਿਕ

ਬੁਨਿਆਦੀ ਢਾਂਚੇ ਨੂੰ ਉਜਾਗਰ ਕੀਤਾ ਗਿਆ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੂੰ ਵਿਸ਼ਵ-ਵਿਆਪੀ ਨਿਵੇਸ਼ ਕੇਂਦਰ ਵਜੋਂ ਸਥਾਪਤ ਕਰਨ ਦੀ ਕੋਸ਼ਿਸ਼ ਵਿੱਚ ਹੋਰ ਤੇਜ਼ ਆਈ ਏ। ਉਨ੍ਹਾਂ ਕਿਹਾ ਕਿ ਨਿਵੇਸ਼ ਦੇ ਦ੍ਰਿਸ਼ਟੀਕੋਣ ਤੋਂ ਪੰਜਾਬ ਦੇਸ਼ ਦਾ ਸਭ ਤੋਂ ਪਸੰਦੀਦਾ ਸੂਬਾ ਏ ਕਿਉਂਕਿ ਇਥੇ ਬੁਨਿਆਦੀ ਢਾਂਚੇ ਸਬੰਧੀ ਬਿਹਤਰ ਸਹੂਲਤਾਂ, ਵਾਧੂ ਬਿਜਲੀ, ਹੁਨਰਮੰਦ ਮਨੁੱਖੀ ਸ਼ਕਤੀ, ਸ਼ਾਨਦਾਰ ਸੜਕ, ਰੇਲ ਅਤੇ ਹਵਾਈ ਸੰਪਰਕ, ਬਿਹਤਰ ਦੂਰਸੰਚਾਰ ਨੈੱਟਵਰਕ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਦੀਆਂ ਸਹੂਲਤਾਂ ਉਪਲੱਬਧ ਨੇ। ਉਨ੍ਹਾਂ ਕਿਹਾ ਕਿ ਮਾਰਚ 2022 ਤੋਂ ਹੁਣ ਤੱਕ ਪੰਜਾਬ ਨੂੰ ਡੇਢ ਲੱਖ ਕਰੋੜ ਰੁਪਏ ਦੀਆਂ ਨਿਵੇਸ਼ ਤਜਵੀਜ਼ਾਂ ਪ੍ਰਾਪਤ ਹੋਈਆਂ ਨੇ ਜਿਸ ਨਾਲ 5 ਲੱਖ 30 ਹਜ਼ਾਰ ਤੋਂ ਵੱਧ ਨੌਕਰੀਆਂ ਪੈਦਾ ਕਰਨ ਦੀ ਸੰਭਾਵਨਾ ਏ। ਉਨ੍ਹਾਂ ਦੱਸਿਆ ਕਿ ਹਾਲ ਹੀ ਦੇ ਮਹੀਨਿਆਂ ਵਿੱਚ, ਸੂਬਾ ਸਰਕਾਰ ਨੇ ਜਾਪਾਨ ਅਤੇ ਕੋਰੀਆ ਗਣਰਾਜ ਵਿੱਚ ਉੱਚ-ਪੱਧਰੀ ਅੰਤਰਰਾਸ਼ਟਰੀ ਗਤੀਵਿਧੀਆਂ ਕੀਤੀਆਂ , ਜਿਸ ਨਾਲ ਪੰਜਾਬ ਦੀ ਆਲਮੀ ਭਾਈਵਾਲੀ ਨੂੰ ਹੋਰ ਮਜ਼ਬੂਤੀ ਮਿਲੀ ਏ ।

---

ਪੰਜਾਬ ਸਰਕਾਰ ਨੇ ਨੰਗਲ-ਕੀਰਤਪੁਰ ਸਾਹਿਬ ਸੜਕ ਦੇ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ ਤੇ ਕਈ ਪ੍ਰਮੁੱਖ ਧਾਰਮਿਕ ਸਥਾਨਾਂ ਨੂੰ ਜਾਣ ਵਾਲੇ

ਚਾਰ-ਮਾਰਗੀਕਰਨ ਲਈ ਅੰਤਿਮ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਏ । ਜ਼ਮੀਨ ਪ੍ਰਾਪਤੀ ਪ੍ਰਕਿਰਿਆ ਅਗਲੇ ਦੋ ਮਹੀਨਿਆਂ ਦੇ ਅੰਦਰ ਪੂਰੀ ਹੋ ਜਾਵੇਗੀ, ਜਿਸ ਤੋਂ ਬਾਅਦ ਟੈਂਡਰਿੰਗ ਅਤੇ ਜ਼ਮੀਨੀ ਨਿਰਮਾਣ ਜਲਦੀ ਤੋਂ ਜਲਦੀ ਸ਼ੁਰੂ ਹੋ ਜਾਵੇਗਾ। ਸਰਵੇਖਣ ਦੇ ਅੰਕੜਿਆਂ ਦੇ ਆਧਾਰ 'ਤੇ, ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਅਤੇ ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ ਨੇ ਪਹਿਲਾਂ ਹੀ ਚਾਰ-ਮਾਰਗੀਕਰਨ ਲਈ ਕੰਮ ਸ਼ੁਰੂ ਕਰ ਦਿੱਤਾ ਏ । ਪੰਜਾਬ ਦੇ ਕੈਬਨਿਟ ਮੰਤਰੀ, ਹਰਜੋਤ ਸਿੰਘ ਬੈਂਸ ਨੇ ਵਿਕਾਸ ਦਾ ਐਲਾਨ ਕਰਦੇ ਹੋਏ ਕਿਹਾ ਕਿ ਸੁਧਰੇ ਹੋਏ ਸੜਕੀ ਨੈੱਟਵਰਕ ਨਾਲ ਬਾਜ਼ਾਰਾਂ ਤੱਕ ਆਸਾਨ ਪਹੁੰਚ ਦੇ ਨਾਲ-ਨਾਲ ਛੋਟੇ ਵਪਾਰੀਆਂ, ਦੁਕਾਨਦਾਰਾਂ ਅਤੇ ਸਥਾਨਕ ਉੱਦਮੀਆਂ 'ਤੇ ਸੈਰ-ਸਪਾਟੇ ਨੂੰ ਹੁਲਾਰਾ ਮਿਲਣ ਨਾਲ ਆਲੇ-ਦੁਆਲੇ ਦੇ ਲਗਭਗ 100 ਪਿੰਡਾਂ ਨੂੰ ਲਾਭ ਹੋਵੇਗਾ। ਇਹ ਪ੍ਰੋਜੈਕਟ ਖੇਤਰ ਵਿੱਚ ਸੜਕ ਸੁਰੱਖਿਆ, ਸੰਪਰਕ ਅਤੇ ਆਰਥਿਕ ਗਤੀਵਿਧੀਆਂ ਵਿੱਚ ਵੀ ਮਹੱਤਵਪੂਰਨ ਸੁਧਾਰ ਕਰੇਗਾ।

----------------------------------------------------------------------------

ਸਿੱਖਿਆ ਸੰਸਥਾਵਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਬਰਕਰਾਰ ਰੱਖਣ ਲਈ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ 180 ਏਕੜ ਸਰਕਾਰੀ ਜ਼ਮੀਨ 'ਤੇ ਚੱਲ ਰਹੀ ਸ੍ਰੀ ਦਸਮੇਸ਼ ਅਕੈਡਮੀ,

ਸ੍ਰੀ ਅਨੰਦਪੁਰ ਸਾਹਿਬ ਸਬੰਧੀ ਆਈਆਂ ਗੰਭੀਰ ਸ਼ਿਕਾਇਤਾਂ ਦੀ ਪੜਤਾਲ ਅਤੇ ਵਿਸ਼ੇਸ਼ ਆਡਿਟ ਕਰਵਾਉਣ ਦੇ ਹੁਕਮ ਦਿੱਤੇ ਨੇ । ਹਰਜੋਤ ਸਿੰਘ ਬੈਂਸ ਨੇ ਮੁੱਖ ਸਕੱਤਰ ਨੂੰ ਪੱਤਰ ਲਿਖ ਕੇ ਦਸਮੇਸ਼ ਅਕੈਡਮੀ ਵਿੱਚ ਵਿੱਤੀ ਬੇਨਿਯਮੀਆਂ, ਪ੍ਰਬੰਧਨ ਵਿਚਲੀਆਂ ਗੜਬੜੀਆਂ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਖਾਮੀਆਂ ਦੇ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਲਈ ਕਿਹਾ ਏ । ਸਿੱਖਿਆ ਮੰਤਰੀ ਨੇ ਇਹ ਨਿਰਦੇਸ਼ ਰੂਪਨਗਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਕੀਤੀ ਗਈ ਮੁੱਢਲੀ ਜਾਂਚ ਤੋਂ ਬਾਅਦ ਸਾਹਮਣੇ ਆਈਆਂ ਅਹਿਮ ਖਾਮੀਆਂ ਉਪਰੰਤ ਜਾਰੀ ਕੀਤੇ ਨੇ । ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਟਰੱਸਟ ਦੇ ਫੰਡਾਂ ਵਿੱਚ ਕਥਿਤ ਗਬਨ, ਸੰਸਥਾ ਦੀ ਜਾਇਦਾਦ ਦੀ ਦੁਰਵਰਤੋਂ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਖਾਮੀਆਂ ਦਾ ਕਾਰਨ ਬਣਨ ਵਾਲੀ ਅਪਰਾਧਿਕ ਅਣਗਹਿਲੀ ਦੀ ਜਾਂਚ ਕੀਤੀ ਜਾਵੇਗੀ। ਮੰਤਰੀ ਨੇ ਪੰਜਾਬ ਪੁਲਿਸ ਨੂੰ ਅਕੈਡਮੀ ਦੇ ਪ੍ਰਿੰਸੀਪਲ ਦੀ ਕਥਿਤ ਜਾਅਲੀ ਪੀ.ਐਚ.ਡੀ. ਡਿਗਰੀ ਦੀ ਜਾਂਚ ਕਰਨ ਅਤੇ ਰਿਕਾਰਡਾਂ ਵਿੱਚ ਛੇੜਛਾੜ ਨੂੰ ਰੋਕਣ ਲਈ ਸਾਰੇ ਸਬੰਧਿਤ ਰਿਕਾਰਡ ਕਬਜ਼ੇ ਵਿੱਚ ਲੈ ਕੇ ਸੁਰੱਖਿਅਤ ਕਰਨ ਦੇ ਨਿਰਦੇਸ਼ ਵੀ ਦਿੱਤੇ। ਸਿੱਖਿਆ ਮੰਤਰੀ ਨੇ ਜਾਂਚ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕਰਨ ਦਾ ਹੁਕਮ ਦਿੰਦਿਆਂ 30 ਦਿਨਾਂ ਦੇ ਅੰਦਰ ਵੇਰਵੇ ਸਮੇਤ ਰਿਪੋਰਟ ਦੇਣ ਲਈ ਕਿਹਾ ਏ । ਉਨ੍ਹਾਂ ਕਿਹਾ ਕਿ ਜਾਂਚ ਦੇ ਨਤੀਜੇ ਪੰਜਾਬ ਦੇ ਮੁੱਖ ਮੰਤਰੀ

ਅੱਗੇ ਢੁਕਵੀਂ ਕਾਰਵਾਈ ਲਈ ਪੇਸ਼ ਕੀਤੇ ਜਾਣਗੇ।